# ਦਫਤਰ ਜਿਲ੍ਹਾ ਮੈਜਿਸਟਰੇਟ, ਪਠਾਨਕੋਟ

(ਫੁਟਕਲ ਸ਼ਾਖਾ)

**ਸੋਧ ਪੱਤਰ**

ਹੁਕਮ ਨੰ: 3026

## ਹੁਕਮ

ਜਦੋਂ ਕਿ ਇਸ ਦਫਤਰ ਵਲੋਂ ਹੁਕਮ ਪਿੱਠ ਅੰਕਣ ਨੰਬਰ 2968 ਪਿੱਠ ਅੰਕਣ ਨੰਬਰ:ਐਮ.ਏ/2969-3025 ਮਿਤੀ 18.05.2020 ਰਾਹੀਂ ਦੇਸੀ ਅਤੇ ਅੰਗਰੇਜੀ ਸ਼ਰਾਬ ਦੇ ਠੇਕੇ/ਦੁਕਾਨਾ ਸਵੇਰੇ 9.00 ਵਜੇ ਤੋਂ ਸ਼ਾਮ 6.30 ਵਜੇ ਤੱਕ ਖੁੱਲੇ ਰੱਖਣ ਸਬੰਧੀ ਆਦੇਸ਼ ਕੀਤੇ ਗਏ ਹਨ।

ਇਸ ਸਬੰਧ ਵਿੱਚ ਸਹਾਇਕ ਆਬਕਾਰੀ ਤੇ ਕਰ-ਕਮਿਸ਼ਨਰ, ਪਠਾਨਕੋਟ ਵਲੋਂ ਆਪਣੇ ਪੱਤਰ ਨੰਬਰ 416 ਮਿਤੀ 18.05.2020 ਰਾਹੀਂ ਇਸ ਦਫਤਰ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਪੰਜਾਬ ਸਰਕਾਰ ਵਲੋਂ ਆਪਣੇ ਮੀਮੋ ਨੰਬਰ 1/26/2020/ਈਟੀ-2(8.8/6239) ਮਿਤੀ 13.05.2020 ਰਾਹੀਂ ਪੰਜਾਬ ਸਰਕਾਰ ਦੀ ਆਬਕਾਰੀ ਨੀਤੀ 2020-21 ਅਨੁਸਾਰ ਕੋਵਿਡ-19 ਮਹਾਂਮਾਰੀ ਕਾਰਨ ਸ਼ਰਾਬ ਦੇ ਠੇਕਿਆਂ ਦਾ ਖੋਲਣ ਦਾ ਸਮਾਂ ਬਾਕੀ ਕਮਰਸ਼ੀਅਲ ਇਸਟਲੈਬਲਿਸ਼ਮੈਂਟ ਦੇ ਖੁੱਲਨ ਦੇ ਸਮੇਂ ਅਨੁਸਾਰ ਹੀ ਖੋਲਣ ਦਾ ਫੈਸਲਾ ਲਿਆ ਗਿਆ ਹੈ। ਇਸ ਲਈ ਸਹਾਇਕ ਆਬਕਾਰੀ ਤੇ ਕਰ-ਕਮਿਸ਼ਨਰ, ਪਠਾਨਕੋਟ ਵਲੋਂ ਜਿਲ੍ਹਾ ਪਠਾਨਕੋਟ ਦੀ ਹਦੂਦ ਅੰਦਰ ਠੇਕਿਆਂ ਦੇ ਖੁੱਲਣ ਦਾ ਸਮਾਂ ਬਾਕੀ ਕਮਰਸ਼ੀਅਲ ਇਸਟਲੈਬਲਿਸ਼ਮੈਂਟ ਦੇ ਖੁੱਲਣ ਦੇ ਸਮੇਂ ਅਨੁਸਾਰ ਹੀ ਕਰਨ ਦੀ ਬੇਨਤੀ ਕੀਤੀ ਹੈ।

ਇਸ ਲਈ ਇਸ ਦਫਤਰ ਵਲੋਂ ਜਾਰੀ ਹੁਕਮ ਅੰਕਣ ਨੰਬਰ 2968 ਪਿੱਠ ਅੰਕਣ ਨੰਬਰ:ਐਮ.ਏ/2969-3025 ਮਿਤੀ 18.05.2020 ਰਾਹੀਂ ਜਿਲ੍ਹਾ ਪਠਾਨਕੋਟ ਵਿੱਚ ਦੇਸੀ ਅਤੇ ਅੰਗਰੇਜੀ ਸ਼ਰਾਬ ਦੇ ਠੇਕੇ/ਦੁਕਾਨਾਂ ਸਵੇਰੇ 9.00 ਵਜੇ ਤੋਂ ਸ਼ਾਮ 6.30 ਵਜੇ ਤੱਕ ਖੁੱਲਣ ਸਬੰਧੀ ਕੀਤੇ ਗਏ ਹੁਕਮਾਂ ਵਿੱਚ ਸੋਧ ਕਰਦੇ ਹੋਏ ਇਹ ਫੈਸਲਾ ਕੀਤਾ ਜਾਂਦਾ ਹੈ ਕਿ ਜਿਲ੍ਹਾ ਪਠਾਨਕੋਟ ਦੀ ਹਦੂਦ ਅੰਦਰ ਦੇਸੀ ਅਤੇ ਅੰਗਰੇਜੀ ਸ਼ਰਾਬ ਦੇ ਠੇਕੇ/ਦੁਕਾਨਾਂ ਬਾਕੀ ਕਮਰਸ਼ੀਅਲ ਇਸਟਲੈਬਲਿਸ਼ਮੈਂਟ ਦੇ ਸਮੇਂ ਅਨੁਸਾਰ ਹੁਣ **ਸਵੇਰੇ 7.00 ਵਜੇ ਤੋਂ ਲੈ ਕੇ ਸ਼ਾਮ 6.30 ਵਜੇਂ ਤੱਕ ਕਰਨ ਦਾ ਫੈਸਲਾ ਕੀਤਾ ਜਾਂਦਾ ਹੈ।**

ਮਿਤੀ:18.05.2020

**(ਗੁਰਪ੍ਰੀਤ ਸਿੰਘ ਖਹਿਰਾ), ਆਈ.ਏ.ਐਸ**
**ਜਿਲ੍ਹਾ ਮੈਜਿਸਟਰੇਟ, ਪਠਾਨਕੋਟ।**

ਪਿੱਠ ਅੰਕਣ ਨੰ: ਐਮ.ਏ/ 3027 – 45 ਮਿਤੀ: 18/5/2020

ਉਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ਜੀ:-

1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2) ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
3) ਕਮਿਸ਼ਨਰ, ਜਲੰਧਰ ਮੰਡਲ, ਜਲੰਧਰ।
4) ਕਮਿਸ਼ਨਰ, ਨਗਰ ਨਿਗਮ, ਪਠਾਨਕੋਟ।
5) ਸੀਨੀਅਰ ਪੁਲਿਸ ਕਪਤਾਨ, ਪਠਾਨਕੋਟ।
6) ਵਧੀਕ ਡਿਪਟੀ ਕਮਿਸ਼ਨਰ (ਜ), ਪਠਾਨਕੋਟ।
7) ਉਪ ਮੰਡਲ ਮੈਜਿਸਟਰੇਟ, ਪਠਾਨਕੋਟ/ਧਾਰਕਲਾਂ।
8) ਸਹਾਇਕ ਕਮਿਸ਼ਨਰ (ਜਨਰਲ/ਸ਼ਿਕਾਇਤਾਂ), ਪਠਾਨਕੋਟ।
9) ਸਿਵਲ ਸਰਜਨ, ਪਠਾਨਕੋਟ।
10) ਜਿਲ੍ਹਾ ਮਾਲ ਅਫਸਰ, ਪਠਾਨਕੋਟ।
11) ਤਹਿਸੀਲਦਾਰ, ਪਠਾਨਕੋਟ/ਧਾਰਕਲਾਂ।
12) ਜਿਲ੍ਹਾ ਲੋਕ ਸੰਪਰਕ ਅਫਸਰ, ਪਠਾਨਕੋਟ ਨੂੰ ਜਨਤਕ ਸੂਚਨਾ ਹਿੱਤ।
13) ਜਿਲ੍ਹਾ ਖੁਰਾਕ ਸਿਵਲ ਸਪਲਾਈਜ਼ ਕੰਟਰੋਲਰ, ਪਠਾਨਕੋਟ।
14) ਸਹਾਇਕ ਆਬਕਾਰੀ ਤੇ ਕਰ-ਕਮਿਸ਼ਨਰ, ਪਠਾਨਕੋਟ।
14) ਸਮੂਹ ਵਿਭਾਗਾਂ ਦੇ ਮੁਖੀ, ਜਿਲ੍ਹਾ ਪਠਾਨਕੋਟ।
15) ਨਿੱਜੀ ਸਹਾਇਕ ਟੂ ਡਿਪਟੀ ਕਮਿਸ਼ਨਰ ਨੂੰ ਰਿਕਾਰਡ ਹਿੱਤ।

**(ਗੁਰਪ੍ਰੀਤ ਸਿੰਘ ਖਹਿਰਾ), ਆਈ.ਏ.ਐਸ**
**ਜਿਲ੍ਹਾ ਮੈਜਿਸਟਰੇਟ, ਪਠਾਨਕੋਟ।**